# ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.), ਬਠਿੰਡਾ

## OFFICE OF DISTRICT EDUCATION OFFICER (SE) BATHINDA

### ਤੀਜੀ ਮੰਜ਼ਿਲ ਮਿਨੀ ਸਕੱਤਰੇਤ

ਈ-ਮੇਲ :- deose.bathinda@punjabeducation.gov.in

ਪੱਤਰ ਨੰਬਰ: 1027 ਮਿਤੀ: 28-08-2026

ਵੱਲ :-

ਸਮੂਹ ਪ੍ਰਿੰਸੀਪਲ / ਮੁੱਖ ਅਧਿਆਪਕ / ਇੰਚਾਰਜ,
ਸਮੂਹ ਸਰਕਾਰੀ, ਐਡਿਡ ਅਤੇ ਪ੍ਰਾਈਵੇਟ ਸਕੂਲ,
ਜ਼ਿਲ੍ਹਾ ਬਠਿੰਡਾ।

ਵਿਸ਼ਾ: ਖੇਡਾਂ ਵਤਨ ਪੰਜਾਬ ਦੀਆਂ - 2026: ਸਕੂਲੀ ਵਿਦਿਆਰਥੀਆਂ ਅਤੇ ਸਟਾਫ਼ ਦੀ ਵੱਧ ਤੋਂ ਵੱਧ (ਘੱਟੋ-ਘੱਟ 50%) ਰਜਿਸਟ੍ਰੇਸ਼ਨ ਯਕੀਨੀ ਬਣਾਉਣ ਸਬੰਧੀ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਖੇਡ ਵਿਭਾਗ, ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ "ਖੇਡਾਂ ਵਤਨ ਪੰਜਾਬ ਦੀਆਂ" ਦੇ ਸਬੰਧ ਵਿੱਚ ਆਪ ਜੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਸਕੂਲ ਦੇ ਵੱਧ ਤੋਂ ਵੱਧ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਦੀ ਰਜਿਸਟ੍ਰੇਸ਼ਨ ਕਰਵਾਈ ਜਾਵੇ।ਇਨ੍ਹਾਂ ਖੇਡਾਂ ਵਿੱਚ ਸਰਕਾਰੀ, ਐਡਿਡ ਅਤੇ ਪ੍ਰਾਈਵੇਟ ਸਕੂਲਾਂ ਦੇ ਵੱਧ ਤੋਂ ਵੱਧ ਵਿਦਿਆਰਥੀਆਂ ਅਤੇ ਸਕੂਲ ਸਟਾਫ਼ (ਘੱਟੋ-ਘੱਟ 50%) ਦੀ ਰਜਿਸਟ੍ਰੇਸ਼ਨ ਕਰਵਾਉਣਾ ਲਾਜ਼ਮੀ ਯਕੀਨੀ ਬਣਾਇਆ ਜਾਵੇ, ਤਾਂ ਜੋ ਬੱਚਿਆਂ ਵਿੱਚ ਖੇਡਾਂ ਪ੍ਰਤੀ ਉਤਸ਼ਾਹ ਵਧਾਇਆ ਜਾ ਸਕੇ ਅਤੇ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕੀਤਾ ਜਾ ਸਕੇ।

ਰਜਿਸਟ੍ਰੇਸ਼ਨ ਲਈ ਆਨਲਾਈਨ ਪੋਰਟਲ ਲਿੰਕ:
https://sports.punjab.gov.in/login

QR Code




ਮਹੱਤਵਪੂਰਨ ਹਦਾਇਤਾਂ:

- ਸਮੂਹ ਸਕੂਲ ਮੁੱਖੀ ਆਪਣੇ ਪੱਧਰ 'ਤੇ ਸਮਾਂ-ਸੀਮਾ ਦੇ ਅੰਦਰ-ਅੰਦਰ ਰਜਿਸਟ੍ਰੇਸ਼ਨ ਦਾ ਕੰਮ ਮੁਕੰਮਲ ਕਰਵਾਉਣਗੇ।
- ਵਿਦਿਆਰਥੀਆਂ ਦੇ ਨਾਲ-ਨਾਲ ਸਟਾਫ਼ ਮੈਂਬਰ ਵੀ ਆਪਣੀ ਭਾਗੀਦਾਰੀ/ਰਜਿਸਟ੍ਰੇਸ਼ਨ ਸੁਨਿਸ਼ਚਿਤ ਕਰਨਗੇ
- ਇਸ ਕੰਮ ਵਿੱਚ ਕਿਸੇ ਵੀ ਕਿਸਮ ਦੀ ਅਣਗਹਿਲੀ ਨਾ ਵਰਤੀ ਜਾਵੇ, ਕਿਉਂਕਿ ਵਿਭਾਗ ਵੱਲੋਂ ਇਸਦੀ ਪ੍ਰਗਤੀ ਦੀ ਰੋਜ਼ਾਨਾ ਸਮੀਖਿਆ ਕੀਤੀ ਜਾਵੇਗੀ।

ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.),
ਬਠਿੰਡਾ। 28/8/26

ਪਿੱਠ ਅੰਕਣ ਨੰਬਰ: ਉਕਤ ਮਿਤੀ: ਉਕਤ

ਇਸਦਾ ਉਤਾਰਾ ਹੇਠ ਲਿਖਿਆਂ ਨੂੰ ਅਗਲੇਰੀ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.), ਪੰਜਾਬ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
2. ਮਾਣਯੋਗ ਡਿਪਟੀ ਕਮਿਸ਼ਨਰ ਬਠਿੰਡਾ
2. ਜ਼ਿਲ੍ਹਾ ਖੇਡ ਅਫ਼ਸਰ, ਬਠਿੰਡਾ।

ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.),
ਬਠਿੰਡਾ। 28/8/26

CamScanner